# ਪੰਜਾਬ ਸਰਕਾਰ
# ਸਿਹਤ ਤੇ ਪਰਿਵਾਰ ਭਲਾਈ ਵਿਭਾਗ
# (ਐਨਐਚਐਮ, ਪੰਜਾਬ)

ਨੰ. ਐਮਡੀ/ਐਨਐਚਐਮ/2020/3189 (ਆਰ)–3193 (ਆਰ) ਮਿਤੀ, ਚੰਡੀਗੜ੍ਹ, 29 ਅਪ੍ਰੈਲ 2020

ਸੇਵਾ ਵਿਖੇ

1. ਪ੍ਰਮੁੱਖ ਸਕੱਤਰ, ਫੂਡ ਐਂਡ ਸਿਵਲ ਸਪਲਾਈ, ਪੰਜਾਬ।
2. ਡਾਇਰੈਕਟਰ, ਫੂਡ ਐਂਡ ਸਿਵਲ ਸਪਲਾਈ, ਪੰਜਾਬ।
3. ਸਮੂਹ ਡਿਵੀਜ਼ਨਲ ਕਮਿਸ਼ਨਰ, ਪੰਜਾਬ।
4. ਸਮੂਹ ਡਿਪਟੀ ਕਮਿਸ਼ਨਰ, ਪੰਜਾਬ।
5. ਜ਼ਿਲ੍ਹਾ ਫੂਡ ਐਂਡ ਸਿਵਲ ਸਪਲਾਈ ਕੰਟਰੋਲਰ।

**ਵਿਸ਼ਾ :** **ਕੋਵਿਡ–19 ਮਹਾਂਮਾਰੀ ਦੌਰਾਨ ਪੈਟਰੋਲ ਪੰਪਾਂ ਅਤੇ ਉਥੇ ਕੰਮ ਕਰਨ ਵਾਲੇ ਸਟਾਫ ਜਾਂ ਵਰਕਰਾਂ ਦੀ ਸਾਫ਼–ਸਫ਼ਾਈ ਲਈ ਸਲਾਹ।**

ਕੋਰੋਨਾ ਵਾਇਰਸ (ਕੋਵਿਡ–19) ਸਿਸਟਮਿਕ ਬਿਮਾਰੀ ਹੈ, ਜੋ ਨੋਵਲ ਕੋਰੋਨਾ ਵਾਇਰਸ (SARS-CoV-2) ਨਾਲ ਹੁੰਦੀ ਹੈ ਅਤੇ ਜ਼ਿਆਦਾਤਰ ਮੌਕਿਆਂ ਤੇ ਛਿੱਕਾਂ ਤੇ ਖੰਘ ਦੇ ਛਿੱਟਿਆਂ ਰਾਹੀਂ ਸਾਹ ਜ਼ਰੀਏ ਅੰਦਰ ਜਾਣ ਨਾਲ, ਪੀੜ੍ਹਤ ਵਿਅਕਤੀ ਦੇ ਸੰਪਰਕ ਵਿੱਚ ਆਉਣ ਨਾਲ ਅਤੇ ਸੰਕ੍ਰਮਿਤ ਚੀਜ਼ਾਂ/ਵਸਤੂਆਂ ਨੂੰ ਛੂਹਣ ਨਾਲ ਫ਼ੈਲਦੀ ਹੈ। ਹਾਲਾਂਕਿ ਇਹ ਵਾਇਰਸ ਵੱਖ–ਵੱਖ ਸਤਿਹਾਂ ਉਪਰ ਵੱਖ–ਵੱਖ ਸਮੇਂ ਤੱਕ ਜੀਵਿਤ ਰਹਿੰਦਾ ਹੈ, ਪਰ ਕੈਮੀਕਲ ਡਿਸਇਨਫੈਕਟੈਂਟ ਨਾਲ ਇਹ ਆਸਾਨੀ ਨਾਲ ਖ਼ਤਮ ਹੋ ਜਾਂਦਾ ਹੈ। ਇਸ ਲਈ ਜੇਕਰ ਸਹੀ ਅਤੇ ਸਮੇਂ ਤੇ ਜਾਣਕਾਰੀ ਹੋਵੇ ਤਾਂ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਿਆ ਜਾ ਸਕਦਾ ਹੈ।

ਪੰਜਾਬ ਸਰਕਾਰ ਵੱਲੋਂ ਕੋਵਿਡ–19 ਮਹਾਂਮਾਰੀ ਦੌਰਾਨ ਲੋਕਾਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸਾਰੇ 22 ਜ਼ਿਲ੍ਹਿਆਂ ਵਿੱਚ ਕਰਫਿਊ ਲਗਾ ਕੇ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਦੇ ਬਾਹਰ ਘੁੰਮਣ ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ। ਹਾਲਾਂਕਿ ਸਰਕਾਰ ਵੱਲੋਂ ਮੁਸ਼ਕਿਲਾਂ ਨੂੰ ਘੱਟ ਕਰਨ ਲਈ ਜ਼ਰੂਰੀ ਗਤੀਵਿਧੀਆਂ ਕਰਨ ਦੀ ਮੰਜ਼ੂਰੀ ਦਿੱਤੀ ਗਈ ਹੈ। ਹਾਲਾਂਕਿ ਇਹ ਗਤੀਵਿਧੀਆਂ ਨੂੰ ਇਸ ਸ਼ਰਤ ਤੇ ਚਲਾਉਣ ਦੀ ਮੰਜ਼ੂਰੀ ਦਿੱਤੀ ਗਈ ਹੈ ਕਿ ਉਹ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਜਾਰੀ ਕੀਤੀਆਂ ਗਈਆਂ ਹਿਦਾਇਤਾਂ ਤੇ ਸਾਵਧਾਨੀਆਂ ਦਾ ਪੂਰੀ ਤਰ੍ਹਾਂ ਪਾਲਣ ਕਰਨਗੇ।

**ੳ) ਆਮ ਦਿਸ਼ਾ-ਨਿਰਦੇਸ਼ :**

1. ਕਰਫਿਊ/ ਲਾਕਡਾਊਨ ਦੇ ਚੱਲਦੇ ਪੈਟਰੋਲ/ਡੀਜ਼ਲ ਦੀ ਮੰਗ ਵਿਚ ਭਾਰੀ ਕਮੀ ਆਈ ਹੈ, ਇਸ ਲਈ ਪੈਟਰੋਲ ਪੰਪ ਮੈਨੇਜਰ ਵੱਲੋਂ ਜ਼ਰੂਰੀ ਕੰਮਾਂ ਲਈ ਲੋੜ ਅਨੁਸਾਰ ਢੁੱਕਵਾਂ ਪਲਾਨ ਬਣਾ ਕੇ ਲੋੜੀਂਦੇ ਸੰਬੰਧਿਤ ਸਟਾਫ ਨੂੰ ਹੀ ਬੁਲਾਇਆ ਜਾਵੇ ਅਤੇ ਵਰਕਰਾਂ/ ਗ੍ਰਾਹਕਾਂ ਵਿਚਕਾਰ ਘੱਟੋ-ਘੱਟ 1 ਮੀਟਰ ਦੀ ਦੂਰੀ ਯਕੀਨੀ ਬਣਾਈ ਜਾਵੇ, ਖਾਣੇ ਤੇ ਚਾਹ ਆਦਿ ਲਈ ਸੁਵਿਧਾਜਨਕ ਸਮਾਂ ਇਸ ਢੰਗ ਨਾਲ ਨਿਰਧਾਰਿਤ ਕੀਤਾ ਜਾਵੇ ਕਿ ਇੱਕ ਜਗ੍ਹਾਂ ਤੇ ਸਟਾਫ ਦੀ ਭੀੜ ਜਾਂ ਇਕੱਠ ਨਾ ਹੋ ਸਕੇ।

2. ਜੇਕਰ ਕਿਸੇ ਵਰਕਰ ਨੂੰ ਤੇਜ਼ ਬੁਖ਼ਾਰ/ਖੰਘ/ਛਿੱਕਾਂ/ਸਾਹ ਲੈਣ ਵਿੱਚ ਤਕਲੀਫ ਹੈ ਤਾਂ ਉਸਨੂੰ ਖ਼ੁਦ ਹੀ ਪੈਟਰੋਲ ਪੰਪ ਮੈਨੇਜਰ ਨੂੰ ਦੱਸਣਾ ਚਾਹੀਦਾ ਹੈ ਅਤੇ ਤੁਰੰਤ ਇਲਾਜ ਲਈ ਡਾਕਟਰੀ ਸਲਾਹ ਲਈ ਜਾਵੇ।

3. ਵਰਕਰਾਂ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਇੱਕ ਦੂਜੇ ਨਾਲ ਹੱਥ ਨਾ ਮਿਲਾਉਣ ਅਤੇ ਨਾ ਹੀ ਗਲੇ ਮਿਲਣ।

4. ਪੈਟਰੋਲ ਪੰਪ ਮਾਲਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਟਾਫ /ਵਰਕਰਾਂ ਅਤੇ ਗ੍ਰਾਹਕਾਂ ਦੀ ਸੁਵਿਧਾ ਲਈ ਪੈਰਾਂ ਨਾਲ ਚੱਲਣ ਵਾਲੇ ਹੈਂਡ-ਵਾਸ਼ਿੰਗ ਸਟੇਸ਼ਨ ਲਗਾਉਣ । ਇਸਦੇ ਨਾਲ ਹੀ ਹੱਥ ਧੋਣ ਸਮੇਂ 1 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ ਅਤੇ ਦੂਰੀ ਨਿਰਧਾਰਿਤ ਕਰਨ ਲਈ ਹੈਂਡ-ਵਾਸ਼ਿੰਗ ਸਟੇਸ਼ਨ ਦੇ ਸਾਹਮਣੇ ਗੋਲ ਚੱਕਰ ਲਗਾ ਕੇ ਨਿਸ਼ਾਨਦੇਹੀ ਕੀਤੀ ਜਾਵੇ ।

5. ਜਦੋਂ ਵੀ ਮੌਕਾ ਮਿਲੇ ਤਾਂ ਹੱਥਾਂ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 40 ਸੈਕਿੰਡ ਤੱਕ ਧੋਵੋ, ਹੱਥਾਂ ਦੀਆਂ ਤਲੀਆਂ, ਹੱਥਾਂ ਦਾ ਪਿੱਛਲਾ ਪਾਸਾ, ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਦੀ ਜਗ੍ਹਾ ਤੇ ਗੁੱਟਾਂ ਨੂੰ ਚੰਗੀ ਤਰ੍ਹਾਂ ਰਗੜੋ। ਹਾਲਾਂਕਿ ਹਰੇਕ 2 ਘੰਟੇ ਬਾਅਦ ਹੱਥ ਧੋਣ ਦੀ ਸਲਾਹ ਦਿੱਤੀ ਜਾਂਦੀ ਹੈ।

6. ਪੈਟਰੋਲ ਪੰਪ ਤੇ ਸਟਾਫ /ਵਰਕਰਾਂ ਦੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲੋ।

7. ਜੇਕਰ ਹੱਥ ਸਾਫ਼ ਦਿਖਾਈ ਦੇ ਰਹੇ ਹੋਣ ਤਾਂ ਫਿਰ ਵੀ ਹੱਥਾਂ ਨੂੰ ਧੋਵੋ ਜਾਂ ਸੈਨੀਟਾਈਜ਼ ਕਰੋ।

8. ਉਪਲਬੱਧਤਾ ਅਨੁਸਾਰ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਜਾਂ ਸੈਨੀਟਾਈਜ਼ਰ ਨਾਲ ਸਾਫ਼ ਕਰੋ।

9. ਪੈਟਰੋਲ ਪੰਪ ਮਾਲਕ/ ਸਟਾਫ /ਵਰਕਰਾਂ ਵੱਲੋਂ ਘਰੋਂ ਨਿਕਲਣ ਤੋਂ ਪਹਿਲਾਂ ਹੀ ਕੱਪੜੇ ਦਾ ਮਾਸਕ ਪਹਿਨ ਲਿਆ ਜਾਵੇ ਅਤੇ ਘਰ ਵਾਪਸੀ ਤੱਕ ਇਸਨੂੰ ਪਹਿਨ ਕੇ ਰੱਖਿਆ ਜਾਵੇ।

10. ਮਾਸਕ ਇਸ ਢੰਗ ਨਾਲ ਪਹਿਨਿਆ ਜਾਵੇ ਕਿ ਨੱਕ ਤੇ ਮੂੰਹ ਪੂਰੀ ਤਰ੍ਹਾਂ ਢੱਕਿਆ ਹੋਵੇ।

11. ਕੱਪੜੇ ਦੇ ਮਾਸਕ ਨੂੰ ਰੋਜ਼ਾਨਾ ਸਾਬਣ ਤੇ ਪਾਣੀ ਨਾਲ ਧੋ ਕੇ ਵਰਤਿਆ ਜਾਵੇ।

12. ਚਾਹ ਤੇ ਲੰਚ ਦੌਰਾਨ ਕਿਸੇ ਵੀ ਖਾਣ-ਪੀਣ ਦੀ ਵਸਤੂ ਨੂੰ ਛੂਹਣ ਤੋਂ ਪਹਿਲਾਂ ਸਟਾਫ /ਵਰਕਰ ਆਪਣੇ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਧੋਣ/ਸੈਨੀਟਾਈਜ਼ ਕਰਨ।

13. ਸਾਰੇ ਸਟਾਫ/ਵਰਕਰ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਬਿਨ੍ਹਾਂ ਵਜ੍ਹਾ ਤੋਂ ਪੈਟਰੋਲ ਪੰਪ ਤੇ ਇਧਰ-ਉਧਰ ਨਾ ਘੁੰਮਣ ਅਤੇ ਕਿਸੇ ਸਤਿਹਾਂ/ਸਮਾਨ ਆਦਿ ਨੂੰ ਨਾ ਛੂਹਣ।

14. ਵਰਕਰਾਂ ਵੱਲੋਂ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ ਜੋ ਕਿ ਪੈਟਰੋਲ ਪੰਪ ਤੇ ਉਂਝ ਵੀ ਪਾਬੰਦੀਸ਼ੁਦਾ ਹਨ।

15. ਜੇਕਰ ਕਿਸੇ ਵੀ ਸਟਾਫ /ਵਰਕਰ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ, ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ ਦਿੱਤਾ ਜਾਵੇ।

16. ਜੇਕਰ ਸਟਾਫ /ਵਰਕਰ ਕੋਲ ਰੁਮਾਲ ਨਹੀਂ ਹੈ ਤਾਂ ਆਪਣੇ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢੱਕੋ।

17. ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।

18. ਸਟਾਫ /ਵਰਕਰ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹੋ।

19. ਖੁੱਲ੍ਹੇ ਵਿੱਚ ਨਾ ਥੁੱਕੋ ਅਤੇ ਜ਼ਰੂਰਤ ਪੈਣ ਤੇ ਟਾਇਲਟ ਦੇ ਵਾਸ਼ਬੇਸਨ ਦੀ ਵਰਤੋਂ ਕਰੋ।

20. ਸਟਾਫ / ਵਰਕਰਾਂ ਵੱਲੋਂ ਬਿਨ੍ਹਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਦੇ ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਪੈਟਰੋਲ ਪੰਪ ਮਾਲਕ/ ਮੈਨੇਜਰ ਵੱਲੋਂ ਮੁਲਾਜਮਾਂ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

21. **ਪੈਟਰੋਲ ਪੰਪ ਨੂੰ ਰੋਗਾਣੂ ਮੁਕਤ (ਡਿਸਇਨਫੈਕਟ) ਕਰਨਾ**

**ਅੰਦਰੂਨੀ ਸਥਾਨ** : ਪੈਟਰੋਲ ਪੰਪ ਦੇ ਅੰਦਰੂਨੀ ਸਥਾਨ ਦਫਤਰ ਆਦਿ ਨੂੰ ਹਰ ਸ਼ਾਮ ਦਫ਼ਤਰ ਸਮੇਂ ਤੋਂ ਬਾਅਦ ਜਾਂ ਸਵੇਰੇ ਦਫ਼ਤਰ ਸਮੇਂ ਤੋਂ ਪਹਿਲਾਂ ਸਾਫ਼ ਕੀਤਾ ਜਾਵੇ। ਜੇਕਰ ਕੋਈ ਵੀ ਸਤਿਹ ਤੇ ਗੰਦਗੀ ਦਿਖਾਈ ਦਿੰਦੀ ਹੈ ਤਾਂ ਇਸ ਨੂੰ ਸਾਬਣ ਤੇ ਪਾਣੀ ਨਾਲ ਸਾਫ਼ ਕਰਨ ਤੋਂ ਬਾਅਦ ਡਿਸਇਨਫੈਕਟ ਕੀਤਾ ਜਾਵੇ। ਸਫ਼ਾਈ ਕਰਨ ਤੋਂ ਪਹਿਲਾਂ ਵਰਕਰ ਵੱਲੋਂ ਡਿਸਪੋਜ਼ੇਬਲ ਰਬੜ ਬੂਟ, ਦਸਤਾਨੇ (ਹੈਵੀ ਡਿਊਟੀ), ਕੱਪੜੇ ਦਾ ਮਾਸਕ ਪਹਿਨਿਆ ਜਾਵੇ।

- ਸਾਫ਼ ਸਥਾਨਾਂ ਤੋਂ ਸਫ਼ਾਈ ਸ਼ੁਰੂ ਕੀਤੀ ਜਾਵੇ, ਜਿਸ ਤੋਂ ਬਾਅਦ ਜ਼ਿਆਦਾ ਗੰਦਗੀ ਵਾਲੇ ਖੇਤਰਾਂ ਵੱਲ ਸਫ਼ਾਈ ਕੀਤੀ ਜਾਵੇ।
- ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਪੈਟਰੋਲ/ਡੀਜ਼ਲ ਹੋਜ਼, ਬਟਨ, ਪਿਸਟਨ ਹੈੱਡ ਆਦਿ ਨੂੰ ਰੋਜ਼ਾਨਾ 2 ਵਾਰ ਸੋਡੀਅਮ ਹਾਈਪੋਕੋਲੋਰਾਈਟ ਸੋਲਿਊਸ਼ਨ (1 ਪ੍ਰਤੀਸ਼ਤ ) ਦੇ ਗਿੱਲੇ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਆਮ ਤੌਰ ਤੇ ਛੂਹੀਆਂ ਜਾਣ ਵਾਲੀਆਂ ਜਿਵੇਂ ਕਿ ਮੇਜ਼ ਦੀ ਉਪਰਲੀ ਸਤਿਹ, ਕੁਰਸੀਆਂ ਦੇ ਹੈਂਡਲ, ਪੈਨ, ਡਾਇਰੀ, ਫਾਈਲਾਂ, ਕੀ-ਬੋਰਡ, ਮਾਊਸ, ਮਾਊਸ ਪੈਡ, ਚਾਹ ਕਾਫੀ ਵਾਲੀ ਮਸ਼ੀਨ ਆਦਿ ਦੀ ਖ਼ਾਸ ਤੌਰ ਤੇ ਸਫ਼ਾਈ ਕੀਤੀ ਜਾਵੇ।
- ਧਾਤੂ ਦੀਆਂ ਵਸਤੂਆਂ ਜਿਵੇਂ ਕਿ ਦਰਵਾਜਿਆਂ ਦੇ ਹੈਂਡਲ, ਸਿਕਉਰਿਟੀ ਲੋਕ (ਜ਼ਿੰਦਰੇ), ਚਾਬੀਆਂ ਆਦਿ ਨੂੰ ਸਾਫ਼ ਕੀਤਾ ਜਾਵੇ। ਜੋ ਚੀਜ਼ਾਂ/ਸਤਿਹਾਂ ਨੂੰ ਬਲੀਚ ਪਾਊਡਰ ਨਾਲ ਸਾਫ਼ ਨਹੀਂ ਕੀਤਾ ਜਾ ਸਕਦਾ, ਉਨ੍ਹਾਂ ਨੂੰ 70 ਪ੍ਰਤੀਸ਼ਤ ਅਲਕੋਹਲ ਵਾਲੇ ਸੈਨੀਟਾਈਜ਼ਰ/ਪ੍ਰੋਡਕਟ ਨਾਲ ਸਾਫ਼ ਕੀਤਾ ਜਾਵੇ।
- ਸਾਫ਼-ਸਫ਼ਾਈ ਲਈ ਵਰਤੇ ਗਏ ਸਮਾਨ ਨੂੰ ਵੀ ਇਸਤੇਮਾਲ ਤੋਂ ਬਾਅਦ ਸੁਰੱਖਿਅਤ ਢੰਗ ਨਾਲ ਸਾਫ਼ ਕੀਤਾ ਜਾਵੇ।
- ਸਫਾਈ ਕਰਮਚਾਰੀਆਂ ਵੱਲੋਂ ਸੁਰੱਖਿਆ ਲਈ ਪਹਿਨੇ ਗਏ ਪ੍ਰੋਟੈਕਟਿਵ ਗਿਅਰ ਨੂੰ ਨਿਯਮਿਤ ਢੰਗ ਨਾਲ ਨਸ਼ਟ ਕੀਤਾ ਜਾਵੇ।

ਇਸਦੇ ਨਾਲ ਹੀ ਸਾਰੇ ਮੁਲਾਜਮਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਕੰਮ ਕਰਨ ਦੇ ਸਥਾਨ ਨੂੰ ਡਿਸਇਨਫੈਕਟਿੰਗ ਵਾਈਪ ਜਾਂ ਕੱਪੜੇ ਨਾਲ ਸਾਫ਼ ਕਰਨ ਅਤੇ ਇੱਕ ਦੂਜੇ ਤੋਂ ਇੱਕ ਸੀਟ ਛੱਡ ਕੇ ਬੈਠਣ, ਜੇਕਰ ਸੰਭਵ ਹੋਵੇ ਤਾਂ 2 ਸੀਟਾਂ ਛੱਡ ਕੇ ਬੈਠਣ।

**ਬਾਹਰੀ ਖੇਤਰ** : ਅੰਦਰੂਨੀ ਖੇਤਰ ਦੇ ਮੁਕਾਬਲੇ ਬਾਹਰੀ ਖੇਤਰਾਂ ਵਿੱਚ ਹਵਾ ਦੇ ਵਹਾਅ ਅਤੇ ਧੁੱਪ ਦੇ ਕਾਰਣ ਖ਼ਤਰਾ ਘੱਟ ਹੈ। ਇਨ੍ਹਾਂ ਖੇਤਰਾਂ ਦੀ ਸਾਫ਼ ਸਫ਼ਾਈ ਅਤੇ ਡਿਸਇਨਫੈਕਸ਼ਨ ਪ੍ਰਕ੍ਰਿਆ ਦੌਰਾਨ ਜ਼ਿਆਦਾ ਛੂਹੀਆਂ ਜਾਣ ਵਾਲੀਆਂ/ਸੰਕ੍ਰਮਿਤ ਵਸਤੂਆਂ ਦੀ ਸਫ਼ਾਈ ਉੱਤੇ ਉਪਰੋਕਤ ਦਰਸਾਏ ਅਨੁਸਾਰ ਜ਼ਿਆਦਾ ਧਿਆਨ ਦਿੱਤਾ ਜਾਵੇ।

**ਜਨਤਕ ਪਖਾਨੇ** : ਸਫ਼ਾਈ ਕਰਮਚਾਰੀਆਂ ਵੱਲੋਂ ਹਰ ਪਖਾਨੇ ਦੀ ਸਫ਼ਾਈ ਲਈ ਵੱਖਰੇ ਸਮਾਨ ਦੀ ਵਰਤੋਂ ਕੀਤੀ ਜਾਵੇ (ਜਿਵੇਂ ਕਿ ਪੋਚੇ, ਝਾੜੂ, ਨਾਈਲੋਨ ਸਕਰਬਰ ਆਦਿ) ਅਤੇ ਸਿੰਕ ਅਤੇ ਕੰਬੋਡ ਆਦਿ ਦੀ ਸਫ਼ਾਈ ਲਈ ਸਮਾਨ ਦੇ ਵੱਖਰੇ ਸੈੱਟ ਦੀ ਵਰਤੋਂ ਕੀਤੀ ਜਾਵੇ। ਪਖਾਨੇ ਦੀ ਸਫ਼ਾਈ ਕਰਨ ਦੌਰਾਨ ਸਫ਼ਾਈ ਕਰਮਚਾਰੀਆਂ ਵੱਲੋਂ ਹੱਥਾਂ ਤੇ ਡਿਸਪੋਜ਼ੇਬਲ ਦਸਤਾਨੇ ਪਹਿਨੇ ਜਾਣ। ਪਖਾਨਿਆਂ ਦੇ ਸਿੰਕ, ਕੰਮੋਡ, ਟੂਟੀਆਂ ਆਦਿ ਨੂੰ ਸਾਬਣ ਤੇ ਪਾਣੀ ਨਾਲ ਚੰਗੀ ਤਰ੍ਹਾਂ ਧੋਵੋ ਅਤੇ ਉਸਤੋਂ ਬਾਅਦ ਸੋਡੀਅਮ ਹਾਈਪੋਕਲੋਰਾਈਟ (1 ਪ੍ਰਤੀਸ਼ਤ) ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।

**ਅ) ਵਿਸ਼ੇਸ਼ ਦਿਸ਼ਾ-ਨਿਰਦੇਸ਼:**

1. ਪੈਟਰੋਲ ਪੰਪ ਸੰਚਾਲਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਪੈਟਰੋਲ/ਡੀਜ਼ਲ ਭਰਵਾਉਣ ਤੋਂ ਪਹਿਲਾਂ ਪ੍ਰਵੇਸ਼ ਦੁਆਰ ਤੇ ਹੀ ਵਾਹਨ ਡਰਾਇਵਰਾਂ ਦੇ ਹੱਥਾਂ ਨੂੰ ਸੈਨੀਟਾਈਜ਼ ਕਰਨ ਦਾ ਪ੍ਰਬੰਧ ਕੀਤਾ ਜਾਵੇ। ਇਸਦੇ ਨਾਲ ਹੀ ਪੇਮੈਂਟ ਬੇਸ ਤੇ ਵਹੀਕਲ ਨੂੰ ਡਿਸਇੰਫੈਕਟ ਕਰਨ ਦੇ ਸੁਝਾਅ ਤੇ ਵੀ ਵਿਚਾਰ ਕੀਤਾ ਜਾ ਸਕਦਾ ਹੈ।

2. ਪੈਟਰੋਲ ਪੰਪ ਸਟਾਫ ਵੱਲੋਂ ਫਿਲਿੰਗ ਸਟੇਸ਼ਨ ਤੇ ਪ੍ਰਵੇਸ਼ ਤੋਂ ਪਹਿਲਾਂ ਵਾਹਨ ਡਰਾਇਵਰ ਨੂੰ ਮਾਸਕ ਪਹਿਨਣ ਲਈ ਪ੍ਰੇਰਿਤ ਕੀਤਾ ਜਾਵੇ।

3. ਪੈਟਰੋਲ ਪੰਪ ਇਹ ਯਕੀਨੀ ਬਣਾਉਣ ਕਿ ਵਹੀਕਲ ਡਰਾਈਵਰ, ਵਹੀਕਲ ਵਿੱਚੋ ਬਾਹਰ ਨਾ ਆਉਣ।

4. ਜੇਕਰ ਕਿਸੇ ਵਹੀਕਲ ਦਾ ਪੈਟਰੋਲ/ਡੀਜ਼ਲ ਟੈਂਕ ਚਾਬੀ ਨਾਲ ਖੋਲ੍ਹਿਆ ਜਾਣਾ ਹੈ ਤਾਂ ਵਰਕਰ ਵੱਲੋ ਆਪਣੇ ਹੱਥਾਂ ਤੇ ਡਿਸਪੋਜੇਬਲ ਦਸਤਾਨੇ ਪਹਿਨੇ ਜਾਣ ਜਾਂ ਫਿਰ ਚਾਬੀ ਵਰਤਣ ਦੇ ਤੁਰੰਤ ਬਾਅਦ ਹੱਥਾਂ ਨੂੰ ਸੈਨੀਟਾਈਜ ਕੀਤਾ ਜਾਵੇ।

5. ਜਿਥੋਂ ਤੱਕ ਹੋ ਸਕੇ ਪੈਟਰੋਲ ਪੰਪਾਂ ਵੱਲੋਂ ਡਿਜ਼ੀਟਲ ਟ੍ਰਾਂਸੈਕਸ਼ਨ ਨੂੰ ਪਹਿਲ ਦਿੱਤੀ ਜਾਵੇ।

6. ਪੈਟਰੋਲ/ਡੀਜ਼ਲ ਵੇਚਣ ਤੋਂ ਬਾਅਦ ਪੈਟਰੋਲ ਪੰਪ ਵਰਕਰ ਜੇਕਰ ਕਰੰਸੀ ਨੋਟਾਂ ਵਿਚ ਲੈਣ-ਦੇਣ ਕਰਦੇ ਹਨ ਤਾਂ ਅਜਿਹਾ ਕਰਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਆਪਣੇ ਹੱਥਾਂ ਨੂੰ ਤੁਰੰਤ ਸੈਨੀਟਾਈਜ਼ ਕਰਨ।

**ੲ)** ਜੇਕਰ ਕਿਸੇ ਮੁਲਾਜਮ ਨੂੰ ਕੋਵਿਡ-19 ਦੇ ਸੰਕਰਮਣ ਦੀ ਪੁਸ਼ਟੀ ਹੋ ਹੋਈ ਹੈ ਅਤੇ ਕੋਈ ਹੋਰ ਮੁਲਾਜਮ / ਸਾਥੀ ਸੰਪਰਕ ਵਿੱਚ ਆਏ ਹਨ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਸੰਬੰਧੀ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਬਾਰੇ ਵਿਅਕਤੀ ਬਾਰੇ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਅਗਲੇਰੀ ਸਹਾਇਤਾ ਪ੍ਰਾਪਤ ਕੀਤੀ ਜਾਵੇ।

**ਸ**) ਜੇਕਰ ਕਿਸੇ ਵਰਕਰ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋ ਜਾਂਦੀ ਹੈ ਤਾਂ ਇਮਪਲਾਇਰ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਤੁਰੰਤ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਪੀੜ੍ਹਤ ਵਰਕਰ ਦੇ ਪੈਟਰੋਲ ਪੰਪ ਤੇ ਆਉਣ ਦੇ ਦਿਨਾਂ ਬਾਰੇ ਅਤੇ ਉਸਦੇ ਸੰਪਰਕ ਵਿੱਚ ਆਏ ਲੋਕਾਂ ਬਾਰੇ ਤੁਰੰਤ ਜਾਣਕਾਰੀ ਦੇਣ। ਇਸ ਲਈ ਇਮਪਲਾਇਰ ਵੱਲੋਂ ਸਾਰੇ ਵਰਕਰਾਂ ਦੀ ਹਾਜ਼ਰੀ ਦਾ ਰੋਜ਼ਾਨਾ ਪੂਰਾ ਬਿਓਰਾ ਤਿਆਰ ਰੱਖਿਆ ਜਾਵੇ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3194(ਆਰ)-3196(ਆਰ) ਮਿਤੀ, ਚੰਡੀਗੜ੍ਹ, 29 ਅਪ੍ਰੈਲ 2020

ਉਤਾਰਾ :-

1. ਓਐਸਡੀ ਟੂ ਮੁੱਖ ਸਕੱਤਰ, ਪੰਜਾਬ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ।
2. ਪੀਐਸ ਟੂ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ), ਪੰਜਾਬ ਨੂੰ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ) ਜੀ ਦੀ ਜਾਣਕਾਰੀ ਹਿੱਤ।
3. ਪੀਐਸ ਟੂ ਪ੍ਰਮੁੱਖ ਸਕੱਤਰ (ਸਿਹਤ), ਪੰਜਾਬ ਨੂੰ ਪ੍ਰਮੁੱਖ ਸਕੱਤਰ ਸਿਹਤ ਜੀ ਦੀ ਜਾਣਕਾਰੀ ਹਿੱਤ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3197(ਆਰ)-3204(ਆਰ) ਮਿਤੀ, ਚੰਡੀਗੜ੍ਹ, 29 ਅਪ੍ਰੈਲ 2020

ਉਤਾਰਾ :-

1. ਕਮਿਸ਼ਨਰ, ਐਫਡੀਏ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
2. ਮੈਨੇਜਿੰਗ ਡਾਇਰੈਕਟਰ, ਪੀਐਚਐਸਸੀ ਜੀ ਨੂੰ ਜਾਣਕਾਰੀ ਹਿੱਤ।
3. ਕਮਿਸ਼ਨਰ ਆਯੂਸ਼ ਕਮ ਪ੍ਰੋਜੈਕਟ ਡਾਇਰੈਕਟਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਜੀ ਨੂੰ ਜਾਣਕਾਰੀ ਹਿੱਤ।
4. ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
5. ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
6. ਡਾਇਰੈਕਟਰ (ਈਐਸਆਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
7. ਐਗਜ਼ੀਕਿਊਟਿਵ ਡਾਇਰੈਕਟਰ, ਐਸਐਚਐਸਆਰਸੀ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
8. ਸਮੂਹ ਸਿਵਲ ਸਰਜਨ, ਪੰਜਾਬ ਨੂੰ ਜਾਣਕਾਰੀ ਤੇ ਯੋਗ ਕਾਰਵਾਈ ਹਿੱਤ।

**ਸਟੇਟ ਪ੍ਰੋਗਰਾਮ ਅਫ਼ਸਰ (ਆਈਈਸੀ)**
**ਐਨਐਚਐਮ, ਪੰਜਾਬ।**